ਬਿਲਾਵਲੁ ਮਹਲਾ ੫ ॥ ਮਰਿ ਮਰਿ ਜਨਮੇ ਜਿਨ ਬਿਸਰਿਆ ਜੀਵਨ ਕਾ ਦਾਤਾ ॥ ਪਾਰਬ੍ਰਹਮੁ ਜਨਿ ਸੇਵਿਆ ਅਨਦਿਨੁ ਰੰਗਿ ਰਾਤਾ ॥ ੧॥ ਸਾਂਤਿ ਸਹਜੁ ਆਨਦੁ ਘਨਾ ਪੂਰਨ ਭਈ ਆਸ ॥ ਸੁਖੁ ਪਾਇਆ ਹਰਿ ਸਾਧਸੰਗਿ ਸਿਮਰਤ ਗੁਣਤਾਸ ॥੧॥ ਰਹਾਉ ॥ ਸੁਣਿ ਸੁਆਮੀ ਅਰਦਾਸਿ ਜਨ ਤੁਮ੍ ਅੰਤਰਜਾਮੀ ॥ ਥਾਨ ਥਨੰਤਰਿ ਰਵਿ ਰਹੇ ਨਾਨਕ ਕੇ ਸੁਆਮੀ ॥੨॥੧੪॥੭੮॥ {ਪੰਨਾ 819}

ਪਦਅਰਥ:- ਮਰਿ—ਮਰਿ ਕੇ, ਆਤਮਕ ਮੌਤ ਸਹੇੜ ਕੇ। ਜਿਨ—ਜਿਨ੍ਹਾਂ ਨੂੰ। ਜੀਵਨ—ਜ਼ਿੰਦਗੀ। ਜਨਿ—ਜਨ ਨੇ, ਸੇਵਕ ਨੇ। ਸੇਵਿਆ—ਸਿਮਰਿਆ। ਅਨਦਿਨੁ—ਹਰ ਰੋਜ਼, ਹਰ ਵੇਲੇ। ਰੰਗਿ—ਪ੍ਰੇਮ ਵਿਚ।1।

ਸਹਜੁ—ਆਤਮਕ ਅਡੋਲਤਾ। ਘਨਾ—ਬਹੁਤ। ਸਾਧ ਸੰਗਿ—ਸਾਧ ਸੰਗਤਿ ਵਿਚ। ਗੁਣਤਾਸ—ਗੁਣਾਂ ਦਾ ਖ਼ਜ਼ਾਨਾ।1। ਰਹਾਉ।

ਸੁਣਿ—ਸੁਣੀ। ਸੁਆਮੀ—ਹੇ ਸੁਆਮੀ! ਅਰਦਾਸਿ ਜਨ—(ਆਪਣੇ) ਸੇਵਕ ਦੀ ਅਰਦਾਸ। ਅੰਤਰਜਾਮੀ—ਦਿਲ ਦੀ ਜਾਣਨ ਵਾਲਾ। ਥਾਨ ਥਨੰਤਰਿ—ਥਾਨ ਥਾਨ ਅੰਤਰਿ, ਹਰੇਕ ਥਾਂ ਵਿਚ। ਰਵਿ ਰਹੇ—ਤੁਸੀ ਮੌਜੂਦ ਹੋ।2।

ਅਰਥ:- (ਹੇ ਭਾਈ! ਸੇਵਕ ਨੇ) ਗੁਣਾਂ ਦੇ ਖ਼ਜ਼ਾਨੇ ਹਰੀ (ਦਾ ਨਾਮ) ਸਾਧ ਸੰਗਤਿ ਵਿਚ ਸਿਮਰਦਿਆਂ (ਸਦਾ) ਆਤਮਕ ਆਨੰਦ ਪ੍ਰਾਪਤ ਕੀਤਾ ਹੈ। (ਸੇਵਕ ਦੇ ਹਿਰਦੇ ਵਿਚ) ਸ਼ਾਂਤੀ, ਆਤਮਕ ਅਡੋਲਤਾ ਤੇ ਬਹੁਤ ਆਨੰਦ ਬਣਿਆ ਰਹਿੰਦਾ ਹੈ। (ਸੇਵਕ ਦੀ) ਹਰੇਕ ਕਾਮਨਾ ਪੂਰੀ ਹੋ ਜਾਂਦੀ ਹੈ।1। ਰਹਾਉ।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਜ਼ਿੰਦਗੀ ਦੇਣ ਵਾਲਾ ਪਰਮਾਤਮਾ ਭੁੱਲ ਜਾਂਦਾ ਹੈ, ਉਹ ਆਤਮਕ ਮੌਤ ਸਹੇੜ ਕੇ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ। ਪਰ ਪ੍ਰਭੂ ਦੇ ਸੇਵਕ ਨੇ ਪ੍ਰਭੂ ਨੂੰ ਹਰ ਵੇਲੇ ਸਿਮਰਿਆ ਹੈ, (ਪ੍ਰਭੂ ਦਾ ਸੇਵਕ ਪ੍ਰਭੂ ਦੇ) ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ।1।

ਹੇ ਸੁਆਮੀ! ਨਾਨਕ ਦੇ ਮਾਲਕ! ਤੂੰ ਹਰ ਥਾਂ ਵਿਚ ਵੱਸਦਾ ਹੈਂ, ਤੂੰ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈਂ, ਤੂੰ (ਆਪਣੇ) ਸੇਵਕ ਦੀ ਅਰਦਾਸ (ਸਦਾ) ਸੁਣਦਾ ਹੈਂ।2।14। 18।